# TODAY'S HUKAMNAMA FROM SRI DARBAR SAHIB, Sri Amritsar.

**[August 12th, 2024 – Monday - 04:45 AM. IST]**

**ਧਨਾਸਰੀ ਮਹਲਾ ੫ ॥**

**ਵਡੇ ਵਡੇ ਰਾਜਨ ਅਰੁ ਭੂਮਨ ਤਾ ਕੀ ਤ੍ਰਿਸਨ ਨ ਬੂਝੀ ॥ ਲਪਟਿ ਰਹੇ ਮਾਇਆ ਰੰਗ ਮਾਤੇ ਲੋਚਨ ਕਛੂ ਨ ਸੂਝੀ ॥੧॥ ਬਿਖਿਆ ਮਹਿ ਕਿਨ ਹੀ ਤ੍ਰਿਪਤਿ ਨ ਪਾਈ ॥ ਜਿਉ ਪਾਵਕੁ ਈਧਨਿ ਨਹੀ ਧ੍ਰਾਪੈ ਬਿਨੁ ਹਰਿ ਕਹਾ ਅਘਾਈ ॥ ਰਹਾਉ ॥ ਦਿਨੁ ਦਿਨੁ ਕਰਤ ਭੋਜਨ ਬਹੁ ਬਿੰਜਨ ਤਾ ਕੀ ਮਿਟੈ ਨ ਭੂਖਾ ॥ ਉਦਮੁ ਕਰੈ ਸੁਆਨ ਕੀ ਨਿਆਈ ਚਾਰੇ ਕੁੰਟਾ ਘੋਖਾ ॥੨॥ ਕਾਮਵੰਤ ਕਾਮੀ ਬਹੁ ਨਾਰੀ ਪਰ ਗ੍ਰਿਹ ਜੋਹ ਨ ਚੂਕੈ ॥ ਦਿਨ ਪ੍ਰਤਿ ਕਰੈ ਕਰੈ ਪਛੁਤਾਪੈ ਸੋਗ ਲੋਭ ਮਹਿ ਸੂਕੈ ॥੩॥ ਹਰਿ ਹਰਿ ਨਾਮੁ ਅਪਾਰ ਅਮੋਲਾ ਅੰਮ੍ਰਿਤੁ ਏਕੁ ਨਿਧਾਨਾ ॥ ਸੂਖੁ ਸਹਜੁ ਆਨੰਦੁ ਸੰਤਨ ਕੈ ਨਾਨਕ ਗੁਰ ਤੇ ਜਾਨਾ ॥੪॥੬॥**

**ਸੋਮਵਾਰ, ੨੮ ਸਾਵਣ (ਸੰਮਤ ੫੫੬ ਨਾਨਕਸ਼ਾਹੀ) ੧੨ ਅਗਸਤ, ੨੦੨੪ (ਅੰਗ: ੬੭੨)**

ਪੰਜਾਬੀ ਵਿਆਖਿਆ:

**ਧਨਾਸਰੀ ਮਹਲਾ ੫ ॥**

**ਹੇ ਭਾਈ ! ਦੁਨੀਆਂ ਵਿਚ ਵਡੇ ਵਡੇ ਰਾਜੇ ਹਨ, ਵਡੇ ਵਡੇ ਜ਼ਿਮੀਦਾਰ ਹਨ, ਮਾਇਆ ਵਲੋਂ ਉਹਨਾਂ ਦੀ ਤ੍ਰਿਸ਼ਨਾ ਕਦੇ ਭੀ ਨਹੀਂ ਮੁੱਕਦੀ ਉਹ ਮਾਇਆ ਦੇ ਕੌਤਕਾਂ ਵਿਚ ਮਸਤ ਰਹਿੰਦੇ ਹਨ, ਮਾਇਆ ਨਾਲ ਚੰਬੜੇ ਰਹਿੰਦੇ ਹਨ । ਮਾਇਆ ਤੋਂ ਬਿਨਾ ਹੋਰ ਕੁਝ ਉਹਨਾਂ ਨੂੰ ਅੱਖੀਂ ਦਿੱਸਦਾ ਹੀ ਨਹੀਂ ।੧।ਹੇ ਭਾਈ ! ਮਾਇਆ ਦੇ ਮੋਹ ਵਿਚ ਫਸੇ ਰਹਿ ਕੇ ਕਿਸੇ ਮਨੁੱਖ ਨੇ ਮਾਇਆ ਵਲੋਂ ਰੱਜ ਪ੍ਰਾਪਤ ਨਹੀਂ ਕੀਤਾ, ਜਿਵੇਂ ਅੱਗ ਬਾਲਣ ਨਾਲ ਨਹੀਂ ਰੱਜਦੀ । ਪਰਮਾਤਮਾ ਦੇ ਨਾਮ ਤੋਂ ਬਿਨਾ ਮਨੁੱਖ ਕਦੇ ਰੱਜ ਹੀ ਨਹੀਂ ਸਕਦਾ ।ਰਹਾਉ ।ਹੇ ਭਾਈ ! ਜੇਹੜਾ ਮਨੁੱਖ ਹਰ ਰੋਜ਼ ਸੁਆਦਲੇ ਖਾਣੇ ਖਾਂਦਾ ਰਹਿੰਦਾ ਹੈ, ਉਸ ਦੀ ਸੁਆਦਲੇ ਖਾਣਿਆਂ ਦੀ ਭੁੱਖ ਕਦੇ ਨਹੀਂ ਮੁੱਕਦੀ । ਸੁਆਦਲੇ ਖਾਣਿਆਂ ਦੀ ਖ਼ਾਤਰ ਉਹ ਮਨੁੱਖ ਕੁੱਤੇ ਵਾਂਗ ਦੌੜ-ਭੱਜ ਕਰਦਾ ਰਹਿੰਦਾ ਹੈ, ਚਾਰੇ ਪਾਸੇ ਭਾਲਦਾ ਫਿਰਦਾ ਹੈ ।੨।ਹੇ ਭਾਈ ! ਕਾਮ-ਵੱਸ ਹੋਏ ਵਿਸ਼ਈ ਮਨੁੱਖ ਦੀਆਂ ਭਾਵੇਂ ਕਿਤਨੀਆਂ ਹੀ ਇਸਤ੍ਰੀਆਂ ਹੋਣ, ਪਰਾਏ ਘਰ ਵਲ ਉਸ ਦੀ ਮੰਦੀ ਨਿਗਾਹ ਫਿਰ ਭੀ ਨਹੀਂ ਹਟਦੀ । ਉਹ ਹਰ ਰੋਜ਼ ਵਿਸ਼ੇ-ਪਾਪ ਕਰਦਾ ਹੈ, ਤੇ, ਪਛੁਤਾਂਦਾ ਭੀ ਹੈ । ਸੋ, ਇਸ ਕਾਮ-ਵਾਸਨਾ ਵਿਚ ਅਤੇ ਪਛੁਤਾਵੇ ਵਿਚ ਉਸ ਦਾ ਆਤਮਕ ਜੀਵਨ ਸੁੱਕਦਾ ਜਾਂਦਾ ਹੈ ।੩।ਹੇ ਭਾਈ ! ਪਰਮਾਤਮਾ ਦਾ ਨਾਮ ਹੀ ਇਕ ਐਸਾ ਬੇਅੰਤ ਤੇ ਕੀਮਤੀ ਖ਼ਜਾਨਾ ਹੈ ਜੇਹੜਾ ਆਤਮਕ ਜੀਵਨ ਦੇਂਦਾ ਹੈ, ਇਸ ਨਾਮ-ਖ਼ਜਾਨੇ ਦੀ ਬਰਕਤਿ ਨਾਲ ਸੰਤ ਜਨਾਂ ਦੇ ਹਿਰਦੇ-ਘਰ ਵਿਚ ਆਤਮਕ ਅਡੋਲਤਾ ਬਣੀ ਰਹਿੰਦੀ ਹੈ, ਸੁਖ ਆਨੰਦ ਬਣਿਆ ਰਹਿੰਦਾ ਹੈ । ਪਰ ਹੇ ਨਾਨਕ ! ਗੁਰੂ ਪਾਸੋਂ ਹੀ ਇਸ ਖ਼ਜਾਨੇ ਦੀ ਜਾਣ-ਪਛਾਣ ਪ੍ਰਾਪਤ ਹੁੰਦੀ ਹੈ ।੪।੬।**

English Translation:

**DHANAASAREE, FIFTH MEHL:**

The desires of the greatest of the great kings and landlords cannot be satisfied. They remain engrossed in Maya, intoxicated with the pleasures of their wealth; their eyes see nothing else at all. || 1 || No one has ever found satisfaction in sin and corruption. The flame is not satisfied by more fuel; how can one be satisfied without the Lord? || Pause || Day after day, he eats his meals with many different foods, but his hunger is not eradicated. He runs around like a dog, searching in the four directions. || 2 || The lustful, lecherous man desires many women, and he never stops peeking into the homes of others. Day after day, he commits adultery again and again, and then he regrets his actions; he wastes away in misery and greed. || 3 || The Name of the Lord, Har, Har, is incomparable and priceless; it is the treasure of Ambrosial Nectar. The Saints abide in peace, poise and bliss; O Nanak, through the Guru, this is known. || 4 || 6 ||

**Monday, 28th Saawan (Samvat 556 Nanakshahi) 12th August 2024 (Page: 672)**